# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 20-12-2024**

ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਅੱਜ ਪੱਛਮੀ ਬੰਗਾਲ ਦੇ ਰਾਨੀਡੰਗਾ ਵਿਖੇ ਸਸ਼ਸਤਰ ਸੀਮਾ ਬਲ ਦੇ 61ਵੇਂ ਸਥਾਪਨਾ ਦਿਵਸ ਪ੍ਰੋਗਰਾਮ ਵਿੱਚ ਸ਼ਾਮਲ ਹੋਏ। ਉਨ੍ਹਾਂ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਅਤੇ ਫਿਰ ਸਲਾਮੀ ਲਈ। ਪ੍ਰੋਗਰਾਮ ਵਿੱਚ ਐਸਐਸਬੀ ਦੇ ਡਾਇਰੈਕਟਰ ਜਨਰਲ ਅੰਮ੍ਰਿਤ ਮੋਹਨ ਪ੍ਰਸਾਦ ਵੀ ਮੌਜੂਦ ਸਨ। ਅਮਿਤ ਸ਼ਾਹ ਨੇ SSB ਦੇ ਜਵਾਨਾਂ ਨੂੰ ਬਹਾਦਰੀ ਪੁਰਸਕਾਰ ਵੀ ਦਿੱਤਾ। ਉਨ੍ਹਾਂ ਕਿਹਾ ਕਿ ਐਸਐਸਬੀ ਨੇਪਾਲ ਅਤੇ ਭੂਟਾਨ ਨਾਲ ਲਗਦੀ 2450 ਕਿਲੋਮੀਟਰ ਸਰਹੱਦ ਦੀ ਤਨਦੇਹੀ ਨਾਲ ਰਾਖੀ ਕਰਦਾ ਏ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਰੋਕਣ ਲਈ ਵੀ ਆਪਣੀ ਡਿਊਟੀ ਨਿਭਾਉਂਦਾ ਏ । ਇਸ ਤੋਂ ਪੈਹਲਾਂ ਇਕ ਸੋਸ਼ਲ ਮੀਡੀਆ ਪੋਸਟ ਵਿੱਚ ਸ਼੍ਰੀ ਸ਼ਾਹ ਨੇ ਕਿਹਾ ਕਿ ਐਸ.ਐਸ.ਬੀ. ਨੇ ਆਪਣੀ ਕੁਰਬਾਨੀ ਤੇ ਬਹਾਦਰੀ ਨਾਲ ਰਾਸ਼ਟਰੀ ਸੁਰੱਖਿਆ ਤੇ ਜਨਤਕ ਸੇਵਾ ਨੂੰ ਸਰਵਉੱਚ ਬਣਾਇਆ ਏ । ਉਨ੍ਹਾਂ ਅੱਗੇ ਕਿਹਾ ਕਿ ਸਰਹੱਦੀ ਖੇਤਰਾਂ ਵਿਚ ਅਪਰਾਧਾਂ ਅਤੇ ਗੈਰ-ਕਾਨੂੰਨੀ ਘੁਸਪੈਠ ਨੂੰ ਰੋਕਣ ਲਈ ਸਰਹੱਦੀ

ਸੁਰੱਖਿਆ ਤੇ ਨਿਗਰਾਨੀ ਨੂੰ ਸਮਰਪਿਤ ਬਹਾਦਰ SSB ਜਵਾਨਾਂ ਦੇ ਯਤਨ ਸ਼ਲਾਘਾਯੋਗ ਨੇ। ਗ੍ਰਿਹ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਬਲ ਦੇ ਬਹਾਦਰ ਜਵਾਨ ਸਰਹੱਦੀ ਖੇਤਰਾਂ ਅਤੇ ਦੇਸ਼ ਦੀ ਸੁਰੱਖਿਆ ਦੇ ਨਾਲ-ਨਾਲ ਵਿਕਾਸ ਕਾਰਜਾਂ ਵਿਚ ਤੇਜ਼ੀ ਲਿਆ ਕੇ ਰਾਸ਼ਟਰ ਨਿਰਮਾਣ ਵਿਚ ਲਗਾਤਾਰ ਯੋਗਦਾਨ ਪਾ ਰਹੇ ਨੇ।

-----------------------------------------------------

ਭਾਰਤ ਦੇ ਉਪ-ਰਾਸ਼ਟਰਪਤੀ ਜਗਦੀਪ ਧਨਖੜ 21 ਦਸੰਬਰ ਨੂੰ ਚੰਡੀਗੜ੍ਹ ਦੇ ਇਕ ਦਿਨ ਦੇ ਦੌਰੇ 'ਤੇ ਹੋਣਗੇ। ਆਪਣੀ ਫੇਰੀ ਦੌਰਾਨ ਉਪ-ਰਾਸ਼ਟਰਪਤੀ, ਚੰਡੀਗੜ੍ਹ ਵਿਖੇ ਪੰਜਾਬ ਯੂਨੀਵਰਸਿਟੀ ਦੀ 5ਵੀਂ ਗਲੋਬਲ ਐਲੂਮਨੀ ਮੀਟ ਦਾ ਉਦਘਾਟਨ ਕਰਨਗੇ।

-----------------------------------------------------

ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਉਮ ਪ੍ਰਕਾਸ਼ ਚੌਟਾਲਾ ਦਾ ਦਿਹਾਂਤ ਹੋ ਗਿਆ ਏ , ਉਹ 89 ਸਾਲਾਂ ਦੇ ਸਨ। ਓਹ ਹਰਿਆਣਾ ਦੇ ਪੰਜ ਵਾਰ ਮੁੱਖ ਮੰਤਰੀ ਰਹੇ ਤੇ ਹਰਿਆਣਾ ਦੀ ਰਾਜਨੀਤੀ ਵਿੱਚ ਵੱਡਾ ਸਥਾਨ ਰੱਖਦੇ ਸਨ।

-----------------------------------------------------

1999 ਵਿਚ ਕਾਰਗਿਲ ਵਿੱਚ ਪਾਕਿਸਤਾਨੀ ਫੌਜ ਦੀ ਘੁਸਪੈਠ ਬਾਰੇ

ਭਾਰਤੀ ਫੌਜ ਨੂੰ ਪਹਿਲੀ ਵਾਰ ਚੇਤਾਵਨੀ ਦੇਣ ਵਾਲੇ ਲੱਦਾਖੀ ਚਰਵਾਹੇ ਤਾਸ਼ੀ ਨਾਮਗਿਆਲ ਦਾ ਦਿਹਾਂਤ ਹੋ ਗਿਆ ਏ । ਲੇਹ ਸਥਿਤ ਭਾਰਤੀ ਫੌਜ ਦੀ 14 ਕੋਰ ਨੇ 'ਐਕਸ' 'ਤੇ ਨਾਮਗਿਆਲ ਦੀ ਅਚਾਨਕ ਮੌਤ ਬਾਰੇ ਪੋਸਟ ਕੀਤਾ ਏ ਤੇ ਕਿਹਾ ਏ  ਕਿ opration  ਵਿਜੇ  ਦੌਰਾਨ ਦੇਸ਼ ਲਈ ਉਨ੍ਹਾਂ ਦਾ ਅਮੁੱਲ ਯੋਗਦਾਨ ਸੁਨਹਿਰੀ ਅੱਖਰਾਂ ਵਿਚ ਲਿਖਿਆ ਜਾਵੇਗਾ। ਅਸੀਂ ਇਸ ਦੁੱਖ ਦੀ ਘੜੀ ਵਿਚ ਦੁਖੀ ਪਰਿਵਾਰ ਨਾਲ ਡੂੰਘੀ ਹਮਦਰਦੀ ਪ੍ਰਗਟ ਕਰਦੇ ਹਾਂ।

-----------------------------------------------------------------

ਸ੍ਰੀ ਚਮਕੌਰ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜਾਦਿਆਂ ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ ਤੇ 40 ਸਿੰਘਾਂ ਦੀ ਅਦੁੱਤੀ ਸ਼ਹਾਦਤ ਨੂੰ ਸਮਰਪਿਤ ਤਿੰਨ ਰੋਜਾ ਸ਼ਹੀਦੀ ਜੋੜ ਮੇਲ ਅੱਜ ਆਰੰਭ ਹੋ ਗਿਆ ਏ | ਇਹ ਸ਼ਹੀਦੀ ਜੋੜ ਮੇਲ ਹਰ ਸਾਲ ਸ੍ਰੀ ਚਮਕੌਰ ਸਾਹਿਬ ਦੀ ਧਰਤੀ ਤੇ 6-7-8 ਪੋਹ ਨੂੰ ਭਰਦਾ ਏ, ਜਿਥੇ ਭਾਰੀ ਗਿਣਤੀ ਵਿਚ ਸੰਗਤ ਇਸ ਇਤਿਹਾਸਿਕ ਧਰਤੀ ਤੇ ਕੌਮ ਦੇ ਸ਼ਹੀਦਾਂ ਨੂੰ ਨਤਮਸਤਕ ਹੁੰਦੀ ਏ | ਅੱਜ ਇਤਿਹਾਸਿਕ ਗੁਰਦੁਆਰੇ ਸ੍ਰੀ ਕਤਲਗੜ੍ਹ ਸਾਹਿਬ ,ਸ੍ਰੀ ਗੜ੍ਹੀ ਸਾਹਿਬ, ਸ੍ਰੀ ਦਮਦਮਾ ਸਾਹਿਬ ਸਮੇਤ ਗੁਰਦੁਆਰਾ ਸ੍ਰੀ ਤਾੜੀ ਸਾਹਿਬ, ਸ੍ਰੀ ਰਣਜੀਤਗੜ੍ਹ ਸਾਹਿਬ, ਸ਼ਹੀਦ ਬੁਰਜ ਬਾਬਾ

ਜੀਵਨ ਸਿੰਘ ਤੇ ਸ੍ਰੀ ਬੂੰਗਾ ਸਾਹਿਬ ਵਿਖੇ ਆਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਨੇ, ਜਿਨਾ ਦੇ ਭੋਗ 22 ਦਸੰਬਰ ਨੂੰ ਪਾਏ ਜਾਣਗੇ | ਇੱਥੇ ਸ਼੍ਰੋਮਣੀ ਕਮੇਟੀ ਤੇ ਜਿਲ੍ਹਾ ਪ੍ਰਸ਼ਾਸਨ ਵਲੋਂ ਸੰਗਤਾਂ ਦੀ ਭਾਰੀ ਆਮਦ ਦੇ ਮੱਦੇਨਜ਼ਰ ਲੋੜਿੰਦੇ ਪ੍ਰਬੰਧ ਕੀਤੇ ਗਏ ਨੇ।

---------------------------------------------------------------

ਨਗਰ ਨਿਗਮ ਤੇ ਨਗਰ ਕੌਂਸਲਾਂ ਲਈ ਵੋਟਾਂ ਭਲਕੇ ਪੈਣਗੀਆਂ, ਜਿੰਨਾਂ ਲਈ ਪੁਖਤਾ ਪਰਬੰਧ ਮੁਕਮਲ ਕਰ ਲਏ ਗਏ ਨੇ । ਇਸ ਸਬੰਧੀ ਪੰਜਾਬ ਰਾਜ ਚੋਣ ਕਮਿਸ਼ਨ ਦੇ ਬੁਲਾਰੇ ਨੇ ਦੱਸਿਆ ਕਿ 21 ਦਸੰਬਰ ਸਨਿਚਰਵਾਰ ਨੂੰ ਜਿੱਥੇ ਚੋਣਾਂ ਹੋਣ ਜਾ ਰਹੀਆਂ ਨੇ, ਓਥੇ ਸਾਰੇ ਸਰਕਾਰੀ ਦਫ਼ਤਰਾਂ ਵਿਚ ਜਨਤਕ ਛੁੱਟੀ ਐਲਾਨੀ ਗਈ ਏ । ਉਨ੍ਹਾਂ ਕਿਹਾ ਕਿ ਜਿਨ੍ਹਾਂ ਸਕੂਲਾਂ ਦੀਆਂ ਇਮਾਰਤਾਂ ਚੋਣਾਂ ਲਈ ਵਰਤੀਆਂ ਜਾ ਰਹੀਆਂ ਨੇ , ਉਨ੍ਹਾਂ ਸਕੂਲਾਂ ਵਿੱਚ ਵੀ ਛੁੱਟੀ ਐਲਾਨੀ ਗਈ ਏ । ਨਗਰ ਨਿਗਮ ਅਧਿਕਾਰ ਦੇ ਚੋਣਾਂ ਵਾਲੇ ਖੇਤਰ ਨੂੰ 'ਕਲੋਜ਼ ਡੇਅ' ਵਜੋਂ ਘੋਸ਼ਿਤ ਕੀਤਾ ਗਿਆ ਏ । ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ ਵੀ ਸੂਚਿਤ ਕੀਤਾ ਏ ਕਿ ਇਸ ਦਿਨ ਹੋਣ ਵਾਲੀਆਂ ਸਾਰੀਆਂ ਸਾਲਾਨਾ ਤੇ ਸਮੈਸਟਰ ਪ੍ਰੀਖਿਆਵਾਂ ਨੂੰ ਕਿਸੇ ਹੋਰ ਮਿਤੀ ਤੱਕ ਮੁਲਤਵੀ ਕਰ ਦਿੱਤਾ ਗਿਆ ਏ ।

----------------------------------------------------------------

ਪੰਜਾਬ ਦੇ ਜਲ ਸਰੋਤ ਵਿਭਾਗ ਨੇ ਬਿਸਤ ਦੁਆਬ ਨਹਰ ਨੂੰ 33 ਦਿਨਾਂ ਲਈ ਬੰਦ ਕਰਨ ਦਾ ਫ਼ੈਸਲਾ ਕੀਤਾ ਏ । ਇਸ ਸਬੰਧੀ ਵਿਭਾਗ ਦੇ ਬੁਲਾਰੇ ਨੇ ਦੱਸਿਆ ਕਿ ਮੌਸਮ ਤੇ ਫ਼ਸਲਾਂ ਦੀ ਹਾਲਤ ਨੂੰ ਮੁੱਖ ਰੱਖਦਿਆਂ ਬਿਸਤ ਦੁਆਬ ਕੈਨਾਲ 'ਤੇ ਚਲ ਰਹੇ ਉਸਾਰੀ ਦੇ ਕੰਮਾਂ ਦੇ ਮੱਦੇਨਜ਼ਰ ਨਹਿਰ ਬੰਦ ਰਹੇਗੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੇ 20 ਦਸੰਬਰ ਤੋਂ 21 ਜਨਵਰੀ 2025 ਤੱਕ 33 ਦਿਨਾਂ ਲਈ ਨਹਿਰ ਨੂੰ ਬੰਦ ਕਰਨ ਦਾ ਫੈਸਲਾ ਕੀਤਾ ਏ ।

----------------------------------------------------------------

ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ ਪ੍ਰੈਪਰੇਟਰੀ ਇੰਸਟੀਚਿਊਟ ਮੋਹਾਲੀ ਵਿਚ ਐਨ.ਡੀ.ਏ ਦੀਆਂ ਪ੍ਰੀਖਿਆਵਾ ਦੀ ਤਿਆਰੀ ਲਈ ਦਾਖਲਾ ਪ੍ਰਕਿਰਿਆ ਸ਼ੁਰੂ ਹੋ ਗਈ ਏ । ਚਾਹਵਾਨ ਵਿਦਿਆਰਥੀ ਪੋਰਟਲ ਤੇ ਜਾ ਕੇ 22 ਦਸੰਬਰ 2024 ਤੱਕ ਆਨਲਾਈਨ ਅਪਲਾਈ ਕਰ ਸਕਦੇ ਨੇ । ਇਸ ਕੋਰਸ ਲਈ ਦਾਖਲਾ ਇਮਤਿਹਾਨ 12 ਜਨਵਰੀ 2025 ਨੂੰ ਹੋਵੇਗਾ । ਐਨ.ਡੀ.ਏ. ਵਿੱਚ ਜਾਣ ਦੇ ਚਾਹਵਾਨ 10ਵੀਂ ਜਮਾਤ ਦੇ ਵਿਦਿਆਰਥੀ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਵਿੱਚ ਨਵੇਂ ਕੋਰਸ ਲਈ

ਅਪਲਾਈ ਕਰ ਸਕਦੇ ਨੇ । ਇਸ ਤੋਂ ਇਲਾਵਾ ਇਸ ਸਮੇਂ ਗਿਆਰਵੀਂ ਜਮਾਤ ਵਿੱਚ ਪੜ੍ਹਦੇ ਵਿਦਿਆਰਥੀ ਵੀ ਅਪਲਾਈ ਕਰ ਸਕਦੇ ਨੇ , ਪਰ ਉਨ੍ਹਾਂ ਨੂੰ ਉਮਰ ਸਬੰਧੀ ਮਾਪਦੰਡਾਂ ਨੂੰ ਪੂਰਾ ਕਰਨ ਉਪਰੰਤ ਹੀ ਗਿਆਰਵੀਂ ਜਮਾਤ ਵਿੱਚ ਦਾਖਲਾ ਦਿੱਤਾ ਜਾਵੇਗਾ ।

---------------------------------------------------------

ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ  ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿੰਮ ਤਹਿਤ ਨਹਿਰੂ ਸਟੇਡੀਅਮ ਫਰੀਦਕੋਟ ਵਿਖੇ ਲਗਾਏ  ਜਿਲ੍ਹਾ ਪੱਧਰੀ ਕੈਂਪ ਵਿਚ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਲੜਕੀਆਂ ਨੂੰ ਸਹੂਲਤਾਂ ਦੇਣ ਲਈ ਜਿਲ੍ਹਾ ਪੱਧਰ ਤੇ ਕੈਂਪ ਲਗਾਏ ਜਾ ਰਹੇ ਨੇ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਮਕਸਦ ਲੜਕੀਆਂ ਨੂੰ ਸਰਕਾਰੀ ਨੌਕਰੀਆਂ ਦੇ ਨਾਲ-ਨਾਲ ਪ੍ਰਾਈਵੇਟ ਨੌਕਰੀਆਂ ਵੀ ਮੁਹੱਈਆ ਕਰਵਾਉਣਾ ਏ ਤਾਂ ਜੋ ਓਹ ਆਪਣੇ ਪੈਰਾਂ ਤੇ ਖੜ੍ਹੀਆਂ ਹੋ ਕੇ ਸਮਾਜ ਵਿੱਚ ਹੋਰ ਅੱਗੇ ਆ ਸਕਣ ।